ਕਾਨੜਾ ਮਹਲਾ ੪ ॥ ਹਰਿ ਗੁਨ ਗਾਵਹੁ ਜਗਦੀਸ ॥ ਏਕਾ ਜੀਹ ਕੀਚੈ ਲਖ ਬੀਸ ॥ ਜਪਿ ਹਰਿ ਹਰਿ ਸਬਦਿ ਜਪੀਸ ॥ ਹਰਿ ਹੋ ਹੋ ਕਿਰਪੀਸ ॥ ੧॥ ਰਹਾਉ ॥ ਹਰਿ ਕਿਰਪਾ ਕਰਿ ਸੁਆਮੀ ਹਮ ਲਾਇ ਹਰਿ ਸੇਵਾ ਹਰਿ ਜਪਿ ਜਪੇ ਹਰਿ ਜਪਿ ਜਪੇ ਜਪੁ ਜਾਪਉ ਜਗਦੀਸ ॥ ਤੁਮਰੇ ਜਨ ਰਾਮੁ ਜਪਹਿ ਤੇ ਊਤਮ ਤਿਨ ਕਉ ਹਉ ਘੁਮਿ ਘੁਮੇ ਘੁਮਿ ਘੁਮਿ ਜੀਸ ॥੧॥ ਹਰਿ ਤੁਮ ਵਡ ਵਡੇ ਵਡੇ ਵਡ ਊਚੇ ਸੋ ਕਰਹਿ ਜਿ ਤੁਧੁ ਭਾਵੀਸ ॥ ਜਨ ਨਾਨਕ ਅੰਮ੍ਰਿਤੁ ਪੀਆ ਗੁਰਮਤੀ ਧਨੁ ਧੰਨੁ ਧਨੁ ਧੰਨੁ ਧੰਨੁ ਗੁਰੂ ਸਾਬੀਸ ॥੨॥੨॥੮॥ {ਪੰਨਾ 1296}

ਪਦ ਅਰਥ:- ਗੁਨ ਜਗਦੀਸ—ਜਗਤ ਦੇ ਈਸ-ਪ੍ਰਭੂ ਦੇ ਗੁਣ। ਜੀਹ—ਜੀਭ। ਕੀਚੈ—ਕਰ ਲੈਣੀ ਚਾਹੀਦੀ ਹੈ। ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ। ਜਪੀਸ—ਜਪਣ-ਯੋਗ। ਹੋ—ਹੇ ਭਾਈ! ਕਿਰਪੀਸ—ਕਿਰਪਾ ਦਾ ਈਸ, ਕਿਰਪਾ ਦਾ ਮਾਲਕ।1। ਰਹਾਉ।

ਸੁਆਮੀ—ਹੇ ਸੁਆਮੀ! ਹਮ—ਅਸਾਂ ਜੀਵਾਂ ਨੂੰ। ਸੇਵਾ—ਭਗਤੀ। ਜਪਿ ਜਪੇ ਜਾਪਉ—ਜਪ ਜਪ ਕੇ ਜਪਦਾ ਰਹਾਂ, ਸਦਾ ਹੀ ਜਪਦਾ ਰਹਾਂ। ਜਪਹਿ—(ਜਿਹੜੇ) ਜਪਦੇ ਹਨ। ਤੇ—ਉਹ (ਬਹੁ-ਵਚਨ)। ਹਉ ਘੁਮਿ ਘੁਮੇ—ਮੈਂ ਕੁਰਬਾਨ ਹਾਂ। ਜੀਸ—ਜਾਂਦਾ ਹਾਂ।1।

ਸੋ ਕਰਹਿ—ਤੂੰ ਉਹ ਕੁਝ ਕਰਦਾ ਹੈਂ। ਜਿ—ਜਿਹੜਾ ਕੰਮ। ਭਾਵੀਸ—ਚੰਗਾ ਲੱਗਦਾ ਹੈ। ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ। ਸਾਬੀਸ—ਸ਼ਾਬਾਸ਼-ਯੋਗ।2।

ਅਰਥ:- ਹੇ ਭਾਈ! ਹਰੀ ਪ੍ਰਭੂ ਦਇਆ ਦਾ ਘਰ ਹੈ। ਉਸ ਜਗਤ ਦੇ ਮਾਲਕ-ਪ੍ਰਭੂ ਦੇ ਗੁਣ ਸਦਾ ਗਾਂਦੇ ਰਹੋ। ਗੁਰੂ ਦੇ ਸ਼ਬਦ ਦੀ ਰਾਹੀਂ ਉਸ ਜਪਣ-ਯੋਗ ਹਰੀ ਦਾ ਨਾਮ ਸਦਾ ਜਪਿਆ ਕਰੋ, (ਇਸ ਕੰਮ ਵਾਸਤੇ) ਆਪਣੀ ਇੱਕ ਜੀਭ ਨੂੰ ਵੀਹ ਲੱਖ ਜੀਭਾਂ ਬਣਾ ਲੈਣਾ ਚਾਹੀਦਾ ਹੈ।1। ਰਹਾਉ।

ਹੇ ਹਰੀ! ਹੇ ਸੁਆਮੀ! ਮਿਹਰ ਕਰ, ਅਸਾਂ ਜੀਵਾਂ ਨੂੰ ਆਪਣੀ ਭਗਤੀ ਵਿਚ ਲਾਈ ਰੱਖ। ਹੇ ਹਰੀ! ਹੇ ਜਗਤ ਦੇ ਈਸ਼ਵਰ! ਮੈਂ ਸਦਾ ਹੀ ਤੇਰਾ ਨਾਮ ਜਪਦਾ ਰਹਾਂ। ਹੇ ਪ੍ਰਭੂ! ਜਿਹੜੇ ਤੇਰੇ ਸੇਵਕ ਤੇਰਾ ਰਾਮ-ਨਾਮ ਜਪਦੇ ਹਨ ਉਹ ਉੱਚੇ ਜੀਵਨ ਵਾਲੇ ਬਣ ਜਾਂਦੇ ਹਨ, ਮੈਂ ਉਹਨਾਂ ਤੋਂ ਸਦਕੇ ਜਾਂਦਾ ਹਾਂ, ਸਦਾ ਸਦਕੇ ਜਾਂਦਾ ਹਾਂ।1।

ਹੇ ਹਰੀ! ਤੂੰ ਸਭ ਤੋਂ ਵੱਡਾ ਹੈਂ ਤੂੰ ਬਹੁਤ ਵੱਡਾ ਹੈਂ, ਤੂੰ ਉਹ ਕਰਦਾ ਹੈਂ ਜੋ ਤੈਨੂੰ ਚੰਗਾ ਲੱਗਦਾ ਹੈ। ਹੇ ਦਾਸ ਨਾਨਕ! (ਆਖ—) ਉਹ ਗੁਰੂ ਧੰਨ ਹੈ, ਸਲਾਹੁਣ-ਜੋਗ ਹੈ, ਜਿਸ ਦੀ ਮਤਿ ਲੈ ਕੇ ਪ੍ਰਭੂ ਦਾ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀ ਲਈਦਾ ਹੈ।2। 2।8।